ਹਲਕਾ ਸ਼ੁਤਰਾਣਾ 'ਚ ਪੋਲਿੰਗ ਬੂਥਾਂ ਤੱਕ ਕਮੇਟੀਆਂ ਬਣਾ ਕੇ ਕਾਂਗਰਸ ਪਾਰਟੀ ਨੂੰ ਮਜ਼ਬੂਤ ਕੀਤਾ-ਦਰਬਾਰਾ ਸਿੰਘ ਬੰਨਵਾਲਾ

ਪਾਤੜਾਂ, 19 ਅਕਤੂਬਰ (ਜਗਦੀਸ਼ ਸਿੰਘ ਕੰਬੋਜ)-ਹਲਕਾ ਸ਼ੁਤਰਾਣਾ ਤੇ ਕਾਂਗਰਸ ਪਾਰਟੀ ਦੇ ਮੁਖੀ ਦਰਬਾਰਾ ਸਿੰਘ ਬੰਨਵਾਲਾ ਨੇ ਪਾਤੜਾਂ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਰਾਹੁਲ ਗਾਂਧੀ ਦੀ ਅਗਵਾਈ 'ਚ ਕਾਂਗਰਸ ਪਾਰਟੀ ਵਲੋਂ ਹਲਕਾ ਸ਼ੁਤਰਾਣਾ 'ਚ ਕਾਂਗਰਸ ਦੀਆਂ ਨੀਤੀਆਂ ਲੋਕਾਂ ਤੱਕ ਪਹੁੰਚਾਉਣ ਦੀ ਵਿੱਢੀ ਗਈ ਮੁਹਿੰਮ ਨੂੰ ਬਹੁਤ ਸਫਲਤਾ ਮਿਲੀ ਹੈ ਅਤੇ ਕੇਂਦਰ ਦੀ ਭਾਜਪਾ ਸਰਕਾਰ ਦੀਆਂ ਲੋਕਤੰਤਰ ਦਾ ਕੀਤੇ ਜਾ ਰਹੇ ਘਾਣ ਦੀ ਅਸਲੀਅਤ ਲੋਕਾਂ ਦੇ ਸਾਹਮਣੇ ਆ ਚੁੱਕੀ ਹੈ। 7 ਉਨ੍ਹਾਂ ਪੰਜਾਬ ਸਰਕਾਰ ਵਲੋਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਦੇ ਕੀਤੇ ਜਾ ਰਹੇ ਦਾਅਵਿਆਂ ਨੂੰ ਝੂਠਾ ਦੱਸਦਿਆਂ ਕਿਹਾ ਕਿ ਇਸ ਆਮ ਆਦਮੀ ਦੀ ਸਰਕਾਰ ਵਿਚ ਭ੍ਰਿਸ਼ਟਾਚਾਰ ਸਾਰੇ ਹੱਦ ਬੰਨ੍ਹੇ ਟੱਪ ਚੁੱਕਿਆ ਹੈ ਅਤੇ ਕੋਈ ਵੀ ਕੰਮ ਬਿਨਾ ਪੈਸੇ ਤੋਂ ਨਹੀਂ ਹੋ ਰਿਹਾ ਜਿਸ ਕਰਕੇ ਗਰੀਬ ਵਿਅਕਤੀ ਇਨਸਾਫ਼ ਲੈਣ ਲਈ ਦਰ-ਦਰ ਦੀਆਂ ਠੋਕਰਾਂ ਖਾ ਰਿਹਾ ਹੈ। ਡੀ.ਆਈ.ਜੀ. ਭੁੱਲਰ ਦੀ ਸੀਬੀਆਈ ਵਲੋਂ ਕੀਤੀ ਗਈ ਗ੍ਰਿਫ਼ਤਾਰੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੇ ਸਰਕਾਰ ਦਾ ਭ੍ਰਿਸ਼ਟਾਚਾਰ ਰੋਕਣ ਦੇ ਝੂਠੇ ਦਾਅਵਿਆਂ ਦਾ ਭਾਂਡਾ ਚੌਰਾਹੇ ਭੰਨ ਕੇ ਰੱਖ ਦਿੱਤਾ ਹੈ।

ਦਰਬਾਰਾ ਸਿੰਘ ਬੰਨਵਾਲਾ ਅਤੇ ਦਲੇਰ ਸਿੰਘ ਹਰਿਆਊ ਤੇ ਹੋਰ ਆਗੂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ। ਤਸਵੀਰ : ਜਗਦੀਸ਼ ਸਿੰਘ ਕੰਬੋਜ

ਬੰਨਵਾਲਾ ਨੂੰ ਸਾਲ 2022 ਦੀਆਂ ਵਿਧਾਨ ਸਭਾ ਚੋਣਾਂ ਤੋਂ ਲੈ ਕੇ ਹੁਣ ਤੱਕ ਰਾਜਨੀਤਕ ਪੱਧਰ 'ਤੇ ਆਏ ਬਦਲਾਅ ਬਾਰੇ ਪੁੱਛੇ ਜਾਣ ਤੇ ਉਨ੍ਹਾਂ ਕਿਹਾ ਕਿ ਜਦੋਂ ਤੋਂ ਰਾਹੁਲ ਗਾਂਧੀ ਵਲੋਂ ਭਾਜਪਾ ਦੀ ਕੇਂਦਰ ਸਰਕਾਰ ਵਲੋਂ ਵੋਟ ਚੋਰੀ ਦੇ ਮਾਮਲੇ ਨੂੰ ਸਖ਼ਤ ਮਿਹਨਤ ਮਗਰੋਂ ਲੋਕਾਂ ਦੇ ਸਾਹਮਣੇ ਲਿਆਂਦਾ ਹੈ ਅਤੇ ਉਨ੍ਹਾਂ ਦੇ ਆਦੇਸ਼ਾਂ ਤੋਂ ਕਾਂਗਰਸ ਪਾਰਟੀ ਨੇ ਚੱਲਦਿਆਂ ਬਲਾਕ ਪੱਧਰ ਤੇ ਪਿੰਡ ਪੱਧਰ ਤੇ ਅਤੇ ਸ਼ਹਿਰਾਂ ਵਿਚ ਹਰ ਵਾਰਡ ਤੋਂ ਇਲਾਵਾ ਹਰ ਪੋਲਿੰਗ ਬੂਥ ਤੇ ਕਮੇਟੀਆਂ ਗਠਨ ਕਰਕੇ ਕਾਂਗਰਸ ਨੂੰ ਮਜ਼ਬੂਤ ਕੀਤਾ ਹੈ। ਉਨ੍ਹਾਂ ਨੇ 2022 ਵਿਚ ਹੋਈ ਹਾਰ ਦਾ ਜ਼ਿਕਰ ਕਰਦਿਆਂ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਨੇ ਜੋ ਵਾਅਦੇ ਲੋਕਾਂ ਨਾਲ ਕੀਤੇ ਗਏ ਸਨ ਉਨ੍ਹਾਂ ਨੂੰ ਨਾ ਵਰ੍ਹੇ ਕੀਤੇ ਜਾਣ ਅਤੇ ਕਾਂਗਰਸ ਦੇ ਵਰਕਰਾਂ ਦੀ ਕੋਈ ਸਰਕਾਰ ਸਮੇਂ ਪੁੱਛ ਪ੍ਰਤੀਤ ਨਾ ਹੋਣ ਕਰਕੇ ਜਿੱਥੇ ਲੋਕਾਂ ਦਾ ਮੋਹ ਭੰਗ ਹੋਇਆ ਸੀ। ਚਰਨਜੀਤ ਸਿੰਘ ਚੰਨੀ ਨੇ ਮੁੱਖ ਮੰਤਰੀ ਬਣਨ ਮਗਰੋਂ ਥੋੜ੍ਹੇ ਸਮੇਂ ਵਿਚ ਭਾਵੇ ਬਹੁਤ ਕੰਮ ਕੀਤੇ ਸਨ ਪਰ ਉਸ ਸਮੇਂ ਤੱਕ ਲੋਕਾਂ ਨੂੰ ਬਹੁਤ ਸਾਰੇ ਸਬਜ਼ ਬਾਗ ਦਿਖਾ ਕੇ ਭਰਮਾ ਚੁੱਕੀ ਆਮ ਆਦਮੀ ਪਾਰਟੀ ਦੇ ਜਾਲ ਵਿੱਚ ਲੋਕ ਫਸ ਚੁੱਕੇ ਜਿਸ ਕਰਕੇ ਹਾਰ ਦਾ ਸਾਹਮਣਾ ਕਰਨਾ ਪਿਆ। ਬੰਨਵਾਲਾ ਨੂੰ ਪਾਤੜਾਂ ਨੂੰ ਜ਼ਿਲ੍ਹਾ ਬਣਾਏ ਜਾਣ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਹਲਕਾ ਸ਼ੁਤਰਾਣਾ ਤੇ ਹਰਿਆਣਾ ਦੀ ਬਹੱਦ ਨਾਲ ਲੱਗਦੇ ਪਿੰਡਾਂ ਦੀ ਪਟਿਆਲਾ ਤੋਂ 110 ਕਿੱਲੋਮੀਟਰ ਤੱਕ ਦੂਰੀ ਹੋਣ ਕਰਕੇ ਲੋਕਾਂ ਨੂੰ ਜ਼ਿਲ੍ਹਾ ਪੱਧਰ ਦੇ ਕੰਮਾਂ ਲਈ ਪਟਿਆਲਾ ਜਾਣ ਲਈ ਵੱਡੀ ਮੁਸ਼ਕਿਲ ਪੇਸ਼ ਆਉਂਦੀ ਹੈ ਇਸ ਲਈ ਇਸ ਵਾਰ ਸਰਕਾਰ ਬਣਨ 'ਤੇ ਪਾਤੜਾਂ ਨੂੰ ਜ਼ਿਲ੍ਹਾ ਬਣਾਉਣ ਦਾ ਕੰਮ ਪਹਿਲ ਦੇ ਅਧਾਰ 'ਤੇ ਰੱਖਿਆ ਜਾਵੇਗਾ। ਇਸ ਮੌਕੇ ਕਾਂਗਰਸ ਦੇ ਸੀਨੀਅਰ ਆਗੂਆਂ 'ਚ ਦਲੇਰ ਸਿੰਘ ਹਰਿਆਊ, ਨਿਰਮਲ ਸਿੰਘ ਪੰਨੂ, ਸਕੰਦਰ ਸਿੰਘ ਮਨੇਸ਼ ਦੁਤਾਲ, ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਹੈਪੀ, ਗੁਰਸਾਹਬ ਸਿੰਘ ਦੁਤਾਲ, ਸੁਭਾਸ਼ ਬਾਂਸਲ ਆਦਿ ਮੌਜੂਦ ਸਨ।

ਮੇਅਰ ਕੁੰਦਨ ਗੋਗੀਆ ਵਲੋਂ ਡਾਕਟਰ ਮੋਹਨ ਕੌਸ਼ਲ ਸਨਮਾਨਿਤ ਕਰਦੇ ਹੋਏ। ਅਜੀਤ ਤਸਵੀਰ

ਮੇਅਰ ਕੁੰਦਨ ਗੋਗੀਆ ਵਲੋਂ ਡਾਕਟਰ ਮੋਹਨ ਕੌਸ਼ਲ ਸਨਮਾਨਿਤ

ਪਟਿਆਲਾ, 19 ਅਕਤੂਬਰ (ਮਨਦੀਪ ਸਿੰਘ ਖਰੌੜ)-ਜ਼ਿਲ੍ਹਾ ਆਯੁਰਵੈਦਿਕ ਅਤੇ ਯੂਨਾਨੀ ਦਫ਼ਤਰ, ਪਟਿਆਲਾ ਵਿਚ ਧਨਵੰਤਰੀ ਦਿਵਸ ਸ਼ਰਧਾ ਅਤੇ ਧੂਮ ਧਾਮ ਨਾਲ ਮਨਾਇਆ ਗਿਆ। ਡਾਕਟਰ ਮੋਹਨ ਕੌਸ਼ਲ, ਜ਼ਿਲ੍ਹਾ ਆਯੁਰਵੈਦਿਕ ਅਫ਼ਸਰ, ਪਟਿਆਲਾ ਨੂੰ ਉਨ੍ਹਾਂ ਦੇ ਸ਼ਲਾਘਾ ਯੋਗਦਾਨ ਕੰਮਾਂ ਲਈ, ਪਟਿਆਲਾ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ ਵਲੋਂ ਧਨਵੰਤਰੀ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਕੁੰਦਨ ਗੋਗੀਆਂ ਮੇਅਰ ਮਿਊਂਸੀਪਲ ਕਾਰਪੋਰੇਸ਼ਨ, ਪਟਿਆਲਾ ਨੇ ਇਹ ਸਨਮਾਨ ਡਾਕਟਰ ਮੋਹਨ ਕੌਸ਼ਲ ਨੂੰ ਪ੍ਰਦਾਨ ਕੀਤਾ। ਸ੍ਰੀ ਗੋਗੀਆਂ ਇਸ ਸਮਾਰੋਹ ਵਿਚ ਮੁਖ ਅਤਿਥੀ ਸਨ। ਡਾਕਟਰ ਅਨਿਲ ਗਰਗ ਰਿਟਾਇਰਡ ਜ਼ਿਲ੍ਹਾ ਆਯੁਰਵੈਦਿਕ ਅਫ਼ਸਰ, ਇਸ ਸਮਾਰੋਹ ਦੇ ਵਿਸ਼ੇਸ਼ ਅਤਿਥੀ ਸਨ। ਇਹ ਸਮਾਰੋਹ ਦਾ ਆਯੋਜਨ ਪਟਿਆਲਾ ਸਿਟੀਜ਼ਨ ਵੈੱਲਫੇਅਰ ਐਸੋਸੀਏਸ਼ਨ, ਆਯੁਰਵੈਦਿਕ ਦਵਾਇਆ ਮੈਨੁਫੈਕਚਰ ਐਸੋਸੀਏਸ਼ਨ, ਪਟਿਆਲਾ ਆਯੁਰਵੈਦਿਕ ਦਵਾ ਵਿਕਰੇਤਾ ਐਸੋਸੀਏਸ਼ਨ, ਸਮੂਹ ਆਯੁਰਵੈਦਿਕ ਮੈਡੀਕਲ ਅਫ਼ਸਰਜ਼ ਅਤੇ ਫਾਰਮੇਸੀਸਟਸ ਵਲੋਂ ਸਾਂਝੇ ਰੂਪ ਵਿਚ ਕੀਤਾ ਗਿਆ ਸੀ। ਇਸ ਮੌਕੇ 'ਤੇ ਸਰਕਾਰੀ ਆਯੁਰਵੈਦਿਕ ਹਸਪਤਾਲ ਦੇ ਡਾਕਟਰਜ਼ ਦੇ ਨਾਲ-ਨਾਲ ਜ਼ਿਲ੍ਹਾ ਆਯੁਰਵੈਦਿਕ ਆਫ਼ਿਸ ਦਾ ਸਮੂਹ ਸਟਾਫ਼ ਵੀ ਹਾਜ਼ਰ ਸੀ।

ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਰਜਿੰਦਰ ਸਿੰਘ ਵਿਰਕ ਪਿੰਡ ਰੌਹੜ ਵਿਖੇ ਸਾਬਕਾ ਸਰਪੰਚ ਗੁਰਦੀਪ ਸਿੰਘ ਦੇਵੀਨਗਰ ਨਾਲ ਮੁਲਾਕਾਤ ਕਰਦੇ ਹੋਏ। ਅਜੀਤ ਤਸਵੀਰ

ਹੜ੍ਹ ਪੀੜਤਾਂ ਦੀ ਮਦਦ ਲਈ ਅਕਾਲੀ ਦਲ ਕਿਸਾਨਾਂ ਦੇ ਨਾਲ-ਰਜਿੰਦਰ ਸਿੰਘ ਵਿਰਕ

ਦੇਵੀਗੜ੍ਹ, 19 ਅਕਤੂਬਰ (ਰਾਜਿੰਦਰ ਸਿੰਘ ਮੌਜੀ)-ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਰਜਿੰਦਰ ਸਿੰਘ ਵਿਰਕ ਨੇ ਅੱਜ ਦੇਵੀਗੜ੍ਹ ਇਲਾਕੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਅਤੇ ਕਿਸਾਨਾਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਦੁੱਖ-ਦਰਦ ਸੁਣੇ ਅਤੇ ਸਨੌਰ ਹਲਕੇ ਵਿਚ ਹੜ੍ਹਾਂ ਅਤੇ ਫ਼ਸਲਾਂ ਨੂੰ ਲੱਗੀਆਂ ਬਿਮਾਰੀਆਂ ਕਾਰਨ ਹੋਏ ਭਾਰੀ ਨੁਕਸਾਨ ਬਾਰੇ ਜਾਣਕਾਰੀ ਹਾਸਲ ਕੀਤੀ। ਗੱਲਬਾਤ ਕਰਦਿਆਂ ਵਿਰਕ ਨੇ ਕਿਹਾ ਕਿ ਸਨੌਰ ਹਲਕੇ ਵਿਚ ਕਿਸਾਨਾਂ ਦੀਆਂ ਫ਼ਸਲਾਂ ਦਾ ਵੱਡਾ ਨੁਕਸਾਨ ਹੋਇਆ ਹੈ। ਖ਼ਾਸ ਤੌਰ 'ਤੇ ਹੜ੍ਹਾਂ ਅਤੇ ਉਸ ਤੋਂ ਬਾਅਦ ਫ਼ਸਲਾਂ ਨੂੰ ਲੱਗੀਆਂ ਬਿਮਾਰੀਆਂ ਨੇ ਕਿਸਾਨਾਂ ਦੀ ਕਮਰ ਤੋੜ ਦਿੱਤੀ ਹੈ। ਉਨ੍ਹਾਂ ਨੇ ਕਿਹਾ ਕਿ ਇਸ ਸਮੇਂ ਵਿਚ ਸ਼੍ਰੋਮਣੀ ਅਕਾਲੀ ਦਲ ਪੂਰੀ ਤਰ੍ਹਾਂ ਕਿਸਾਨਾਂ ਅਤੇ ਆਮ ਲੋਕਾਂ ਦੇ ਨਾਲ ਖੜ੍ਹਾ ਹੈ। ਵਿਰਕ ਨੇ ਦੱਸਿਆ ਕਿ ਲੋਕਾਂ ਨਾਲ ਗੱਲਬਾਤ ਕਰਨ ਤੋਂ ਬਾਅਦ ਨੁਕਸਾਨ ਦੇ ਢੁਕਵੇਂ ਮੁਆਵਜ਼ੇ ਅਤੇ ਲੋਕਾਂ ਦੇ ਹੱਕਾਂ ਦੀ ਲੜਾਈ ਲੜਨ ਲਈ ਇਕ ਠੋਸ ਰਣਨੀਤੀ ਬਣਾਈ ਗਈ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਸਰਕਾਰ ਨੂੰ ਬਿਨਾਂ ਦੇਰੀ ਕਿਸਾਨਾਂ ਨੂੰ ਤੁਰੰਤ ਮੁਆਵਜ਼ਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਉਹ ਪੂਰੇ ਦ੍ਰਿੜ੍ਹ ਵਿਸ਼ਵਾਸ ਨਾਲ ਮੰਨਦੇ ਹਨ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ, ਅਬਜ਼ਰਵਰ ਐਨ.ਕੇ. ਸ਼ਰਮਾ ਅਤੇ ਸਮੁੱਚੀ ਅਕਾਲੀ ਦਲ ਦਾ ਜਨਤਾ ਨਾਲ ਸਿੱਧਾ ਸੰਪਰਕ ਹੀ ਅਸਲੀ ਸੇਵਾ ਹੈ। ਉਨ੍ਹਾਂ ਕਿਹਾ, "ਸਾਡਾ ਮੰਨਣਾ ਹੈ ਕਿ ਕੁਰਸੀਆਂ 'ਤੇ ਬੈਠ ਕੇ ਨਹੀਂ, ਸਗੋਂ ਲੋਕਾਂ ਦੇ ਵਿਚਕਾਰ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣ ਕੇ ਹੀ ਸਹੀ ਮਾਇਨੇ ਵਿੱਚ ਜਨਤਾ ਦੀ ਸੇਵਾ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਲੋਕਾਂ ਨਾਲ ਜ਼ਮੀਨੀ ਪੱਧਰ 'ਤੇ ਜੁੜਿਆ ਰਿਹਾ ਹੈ ਅਤੇ ਇਹ ਸਾਡਾ ਮੁੱਖ ਸਿਧਾਂਤ ਵੀ ਹੈ। ਕੌਮੀ ਮੀਤ ਪ੍ਰਧਾਨ ਵਿਰਕ ਨੇ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਹੱਕਾਂ ਦੀ ਆਵਾਜ਼ ਨੂੰ ਹਰ ਪੱਧਰ 'ਤੇ ਬੁਲੰਦ ਕੀਤਾ ਜਾਵੇਗਾ ਅਤੇ ਅਕਾਲੀ ਦਲ ਲੋਕਾਂ ਦੀਆਂ ਮੁਸ਼ਕਲਾਂ ਦਾ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕਰੇਗਾ। ਇਸ ਮੌਕੇ ਗੁਰਦੀਪ ਸਿੰਘ ਦੇਵੀਨਗਰ, ਸੁਖਵਿੰਦਰ ਸਿੰਘ ਸੁੱਖਾ, ਜਸਕਰਨ ਸਿੰਘ ਵਿਰਕ, ਨਰਿੰਦਰ ਸਿੰਘ ਸੰਧੂ ਅਤੇ ਟਿੰਕਾ ਹਾਜ਼ਰ ਸਨ।

ਦੋ ਧਿਰਾਂ ਦੀ ਲੜਾਈ 'ਚ ਕੁਝ ਲੋਕ ਜ਼ਖ਼ਮੀ

ਅਰਨੌ, 19 ਅਕਤੂਬਰ (ਦਰਸ਼ਨ ਸਿੰਘ ਪਰਮਾਰ)-ਸਥਾਨਕ ਕਸਬੇ ਵਿਚ ਮਾਮੂਲੀ ਗੱਲ ਨੂੰ ਲੈ ਕੇ ਹੋਈ ਲੜਾਈ ਵਿਚ ਦੋਨੋਂ ਧਿਰਾਂ ਦੇ ਪੰਜ-ਛੇ ਮਰਦ ਅਤੇ ਔਰਤਾਂ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮਿਲੀ ਜਾਣਕਾਰੀ ਅਨੁਸਾਰ ਅਰਨੌ ਡੇਰਾ ਓਡਾਂ ਵਿਖੇ ਇਕ ਗਲੀ ਵਿਚ ਮਰੇ ਪਏ ਚਕਵੁੰਦਰ (ਚੂਹੇ) ਨੂੰ ਲੈ ਕੇ ਆਹਮੋ ਸਾਹਮਣੇ ਰਹਿਣ ਵਾਲੀਆਂ ਦੋ ਘਰਾਂ ਦੀਆਂ ਔਰਤਾਂ ਵਿਚ ਹੋਈ ਤਕਰਾਰਬਾਜ਼ੀ ਅਤੇ ਗਾਲੀ-ਗਲੋਚ ਤੋਂ ਬਾਅਦ ਗੱਲ ਬੰਦਿਆਂ ਵਿਚ ਪਹੁੰਚਣ ਨਾਲ ਇਸ ਨੇ ਇਕ ਭਿਆਨਕ ਲੜਾਈ ਦਾ ਰੂਪ ਧਾਰਨ ਕਰ ਲਿਆ। ਜਿਸ ਵਿਚ ਦੋਨਾਂ ਤਰਫ਼ੋਂ ਚਲੇ ਇੱਟਾਂ ਰੋੜੇ ਦੇ ਨਾਲ ਡੰਡਿਆਂ ਸੋਟਿਆਂ ਨਾਲ ਹੋਈ ਲੜਾਈ 'ਚ ਦੋਨਾਂ ਧਿਰਾਂ ਦੇ ਪੰਜ ਛੇ ਮਰਦਾਂ ਤੇ ਔਰਤਾਂ ਦੇ ਨਾਲ ਇਕ ਦੋ ਬੱਚੇ ਵੀ ਜ਼ਖ਼ਮੀ ਹੋ ਗਏ। ਇਸ ਸੰਬੰਧ ਵਿਚ ਜੈ ਪ੍ਰਕਾਸ਼ ਚੋਕੀਂ ਮੁਖੀ ਗੁਲਜ਼ਾਰਪੁਰਾ (ਠਰੂਆ) ਦਾ ਕਹਿਣਾ ਸੀ ਕਿ ਸਾਨੂੰ ਸਾਡੇ ਕੰਟਰੋਲ ਰੂਮ ਰਾਹੀ ਇਸ ਲੜਾਈ ਬਾਰੇ ਜਾਣਕਾਰੀ ਮਿਲੀ ਤਾਂ ਅਸੀ ਆਪਣੀ ਪੁਲਿਸ ਪਾਰਟੀ ਨਾਲ ਮੌਕੇ 'ਤੇ ਪਹੁੰਚੇ ਅਤੇ ਸਥਿਤੀ 'ਤੇ ਕਾਬੂ ਪਾਇਆ ਜਿਸ ਵਿਚ ਦੋਨਾਂ ਧਿਰਾਂ ਦੇ ਰਾਕੇਸ਼ ਕੁਮਾਰ ਫ਼ੌਜੀ ਅਤੇ ਰਾਜੀਵ ਕੁਮਾਰ ਵਲੋਂ ਇਕ ਦੂਜੇ ਦੇ ਖ਼ਿਲਾਫ਼ ਸ਼ਿਕਾਇਤ ਕਰਨ ਉਪਰੰਤ ਦੋਨਾਂ ਧਿਰਾਂ ਦੇ ਲੋਕ ਹਸਪਤਾਲ ਦਾਖਲ ਹੋਣ ਲਈ ਚਲੇ ਗਏ ਹਨ ਅੱਗੇ ਜੋ ਵੀ ਕਾਰਵਾਈ ਹੋਵੇਗੀ ਉਸ ਨੂੰ ਅਮਲ ਵਿਚ ਲਿਆਂਦਾ ਜਾਵੇਗਾ।

ਦੇਸੀ ਪਿਸਤੌਲ, ਮੈਗਜ਼ੀਨ ਤੇ ਜ਼ਿੰਦਾ ਰੌਂਦਾਂ ਸਮੇਤ 3 ਗ੍ਰਿਫ਼ਤਾਰ

ਰਾਜਪੁਰਾ, 19 ਅਕਤੂਬਰ (ਜੀ.ਪੀ. ਸਿੰਘ)-ਥਾਣਾ ਸ਼ੰਭੂ ਦੀ ਪੁਲਿਸ ਨੇ ਕੌਮੀ ਸ਼ਾਹ ਮਾਰਗ ਨੰਬਰ 44 'ਤੇ ਨਾਕਾਬੰਦੀ ਦੌਰਾਨ 3 ਵਿਅਕਤੀਆਂ ਨੂੰ ਇਕ ਦੇਸੀ ਪਿਸਤੌਲ, ਮੈਗਜ਼ੀਨ ਅਤੇ 4 ਜਿੰਦਾ ਰੌਂਦਾਂ ਸਮੇਤ ਗ੍ਰਿਫ਼ਤਾਰ ਕਰ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਥਾਣਾ ਸ਼ੰਭੂ ਦੇ ਮੁੱਖ ਅਫ਼ਸਰ ਇੰਸਪੈਕਟਰ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਜੋਗਿੰਦਰ ਸਿੰਘ ਨੇ ਪੁਲਿਸ ਪਾਰਟੀ ਸਮੇਤ ਕੌਮੀ ਸ਼ਾਹ ਮਾਰਗ ਨੰਬਰ 44 'ਤੇ ਪਿੰਡ ਮਹਿਮਦਪੁਰ ਨੇੜੇ ਨਾਕਾਬੰਦੀ ਕੀਤੀ ਹੋਈ ਸੀ। ਨਾਕਾਬੰਦੀ ਦੌਰਾਨ ਅੰਬਾਲਾ ਵਾਲੇ ਪਾਸੇ ਤੋਂ ਪੈਦਲ ਆ ਰਹੇ 3 ਵਿਅਕਤੀਆਂ ਨੂੰ ਜਦੋਂ ਸ਼ੱਕ ਦੇ ਅਧਾਰ 'ਤੇ ਰੋਕ ਕੇ ਉਨ੍ਹਾਂ ਦੀ ਤਲਾਸ਼ੀ ਲਈ ਤਾਂ ਉਕਤ 3 ਵਿਅਕਤੀਆਂ ਦੇ ਕਬਜ਼ੇ 'ਚੋਂ ਇਕ ਰੋਹਿਤ ਕੁਮਾਰ ਵਾਸੀ ਰਾਮਪੁਰਾ ਫੂਲ ਜ਼ਿਲ੍ਹਾ ਬਠਿੰਡਾ ਪਾਸੋਂ ਇਕ ਦੇਸੀ ਪਿਸਟਲ 32 ਬੋਰ ਸਮੇਤ ਮੈਗਜ਼ੀਨ, ਦੂਜੇ ਗੋਬਿੰਦ ਵਾਸੀ ਪਿੰਡ ਮਹਿਰਾਜ ਬਸਤੀ ਰਾਮਪੁਰਾ ਫੂਲ ਜ਼ਿਲ੍ਹਾ ਬਠਿੰਡਾ ਪਾਸੋਂ 2 ਜਿੰਦਾ ਰੌਂਦ 32 ਬੋਰ ਅਤੇ ਤੀਜੇ ਸੁਮਿਤ ਖਾਨ ਵਾਸੀ ਹਿਰਨ ਕਲੱਬ ਕਰੜੀ ਨੇੜੇ ਮਨਸੂਰੀ ਹੋਟਲ ਅਮਨ ਵਿਹਾਰ ਪੁਰਾਣੀ ਦਿੱਲੀ ਪਾਸੋਂ ਵੀ 2 ਜਿੰਦਾ ਰੌਂਦ 32 ਬੋਰ ਦੇ ਬਰਾਮਦ ਹੋਏ। ਥਾਣਾ ਸ਼ੰਭੂ ਦੀ ਪੁਲਿਸ ਨੇ ਤਿੰਨੇ ਮੁਲਜ਼ਮਾਂ ਦੇ ਖ਼ਿਲਾਫ਼ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਡਾ. ਬੀ.ਐੱਸ. ਸੰਧੂ ਮੈਮੋਰੀਅਲ ਸਕੂਲ ਜੁਲਾਹਖੇੜੀ ਦੇ ਮੈਨੇਜਿੰਗ ਡਾਇਰੈਕਟਰ ਰਜਿੰਦਰ ਕੌਰ ਸੰਧੂ ਅਤੇ ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਛੋਟੇ ਬੱਚਿਆਂ ਨਾਲ ਯਾਦਗਾਰੀ ਤਸਵੀਰ ਖਿਚਵਾਉਂਦੇ ਹੋਏ। ਅਜੀਤ ਤਸਵੀਰ

ਡਾ. ਬੀ. ਐੱਸ. ਸੰਧੂ ਸਕੂਲ 'ਚ ਦੀਵਾਲੀ ਦਾ ਤਿਉਹਾਰ ਮਨਾਇਆ

ਦੇਵੀਗੜ੍ਹ, 19 ਅਕਤੂਬਰ (ਰਾਜਿੰਦਰ ਸਿੰਘ ਮੌਜੀ)-ਡਾ. ਬੀ. ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਜੁਲਾਹਖੇੜੀ ਵਿਖੇ ਦੀਵਾਲੀ ਦਾ ਪਵਿੱਤਰ ਤਿਉਹਾਰ ਬਹੁਤ ਹੀ ਉਤਸ਼ਾਹ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ। ਸਕੂਲ ਦੇ ਵਿਦਿਆਰਥੀਆਂ ਅਤੇ ਸਮੂਹ ਅਧਿਆਪਕਾਂ ਨੇ ਇਸ ਖ਼ੁਸ਼ੀਆਂ ਭਰੇ ਮਾਹੌਲ ਵਿਚ ਵੱਧ-ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਸਕੂਲ ਨੂੰ ਰੰਗ-ਬਰੰਗੀਆਂ ਲਾਈਟਾਂ, ਦੀਵਿਆਂ ਅਤੇ ਫੁੱਲਾਂ ਨਾਲ ਸਜਾਇਆ ਗਿਆ। ਵਿਦਿਆਰਥੀਆਂ ਨੇ ਇਸ ਤਿਉਹਾਰ ਦੇ ਇਤਿਹਾਸਕ ਅਤੇ ਸਭਿਆਚਾਰਕ ਮਹੱਤਵ ਨੂੰ ਦਰਸਾਉਂਦੇ ਵੱਖ-ਵੱਖ ਪ੍ਰੋਗਰਾਮ ਪੇਸ਼ ਕੀਤੇ। ਦੀਵਾਲੀ ਦੇ ਜਸ਼ਨਾਂ